**ਆਸਾ ॥ ਬੋਲੈ ਸੇਖ ਫਰੀਦੁ ਪਿਆਰੇ ਅਲਹ ਲਗੇ ॥ ਇਹੁ ਤਨੁ ਹੋਸੀ ਖਾਕ ਨਿਮਾਣੀ ਗੋਰ ਘਰੇ ॥੧॥ ਆਜੁ ਮਿਲਾਵਾ ਸੇਖ ਫਰੀਦ ਟਾਕਿਮ ਕੂੰਜੜੀਆ ਮਨਹੁ ਮਚਿੰਦੜੀਆ ॥੧ ॥ ਰਹਾਉ ॥ ਜੇ ਜਾਣਾ ਮਰਿ ਜਾਈਐ ਘੁਮਿ ਨ ਆਈਐ ॥ ਝੂਠੀ ਦੁਨੀਆ ਲਗਿ ਨ ਆਪੁ ਵਞਾਈਐ ॥੨ ॥ ਬੋਲੀਐ ਸਚੁ ਧਰਮੁ ਝੂਠੁ ਨ ਬੋਲੀਐ ॥ ਜੋ ਗੁਰੁ ਦਸੈ ਵਾਟ ਮੁਰੀਦਾ ਜੋਲੀਐ ॥੩॥ ਛੈਲ ਲੰਘੰਦੇ ਪਾਰਿ ਗੋਰੀ ਮਨੁ ਧੀਰਿਆ ॥ ਕੰਚਨ ਵੰਨੇ ਪਾਸੇ ਕਲਵਤਿ ਚੀਰਿਆ ॥੪ ॥ ਸੇਖ ਹੈਯਾਤੀ ਜਗਿ ਨ ਕੋਈ ਥਿਰੁ ਰਹਿਆ ॥ ਜਿਸੁ ਆਸਣਿ ਹਮ ਬੈਠੇ ਕੇਤੇ ਬੈਸਿ ਗਇਆ ॥੫ ॥ ਕਤਿਕ ਕੂੰਜਾਂ ਚੇਤਿ ਡਉ ਸਾਵਣਿ ਬਿਜੁਲੀਆਂ ॥ ਸੀਆਲੇ ਸੋਹੰਦੀਆਂ ਪਿਰ ਗਲਿ ਬਾਹੜੀਆਂ ॥੬ ॥ ਚਲੇ ਚਲਣਹਾਰ ਵਿਚਾਰਾ ਲੇਇ ਮਨੋ ॥ ਗੰਢੇਦਿਆਂ ਛਿਅ ਮਾਹ ਤੁੜੰਦਿਆ ਹਿਕੁ ਖਿਨੋ ॥੭ ॥ ਜਿਮੀ ਪੁਛੈ ਅਸਮਾਨ ਫਰੀਦਾ ਖੇਵਟ ਕਿੰਨਿ ਗਏ ॥ ਜਾਲਣ ਗੋਰਾਂ ਨਾਲਿ ਉਲਾਮੇ ਜੀਅ ਸਹੇ ॥੮ ॥੨॥**

**{ਪੰਨਾ 488}**

ਪਦਅਰਥ:- ਬੋਲੈ—ਆਖਦਾ ਹੈ। ਪਿਆਰੇ—ਹੇ ਪਿਆਰੇ! ਅਲਹ ਲਗੇ—ਅੱਲਹ ਨਾਲ ਲੱਗ, ਰੱਬ ਦੇ ਚਰਨਾਂ ਵਿਚ ਜੁੜ। ਹੋਸੀ—ਹੋ ਜਾਇਗਾ। ਗੋਰ—ਕਬਰ।1।

ਆਜੁ—ਅੱਜ, ਇਸ ਮਨੁੱਖਾ ਜਨਮ ਵਿਚ ਹੀ। ਫਰੀਦ—ਹੇ ਫ਼ਰੀਦ! ਟਾਕਿਮ—ਰੋਕ, ਕਾਬੂ ਕਰ। ਕੂੰਜੜੀਆ—(ਭਾਵ) ਇੰਦ੍ਰੀਆਂ ਨੂੰ। ਮਨਹੁ—ਮਚਿੰਦੜੀਆ—ਮਨ ਨੂੰ ਮਚਾਉਣ ਵਾਲੀਆਂ ਨੂੰ। ਰਹਾਉ।

ਜੇ ਜਾਣਾ—ਜਦੋਂ ਇਹ ਪਤਾ ਹੈ। ਘੁਮਿ—ਮੁੜ ਕੇ, ਫਿਰ। ਲਗਿ—ਲੱਗ ਕੇ। ਆਪੁ—ਆਪਣੇ ਆਪ ਨੂੰ। ਨ ਵਞਾਈਐ—ਖ਼ੁਆਰ ਨਹੀਂ ਕਰਨਾ ਚਾਹੀਦਾ।2।

ਵਾਟ—ਰਸਤਾ। ਮੁਰੀਦਾ—ਮੁਰੀਦ ਬਣ ਕੇ, ਸਿੱਖ ਬਣ ਕੇ। ਜੋਲੀਐ—ਤੁਰਨਾ ਚਾਹੀਦਾ ਹੈ।3।

ਛੈਲ—ਬਾਂਕੇ ਜੁਆਨ, ਸੰਤ ਜਨ। ਗੋਰੀ ਮਨੁ—(ਕਮਜ਼ੋਰ) ਇਸਤ੍ਰੀ ਦਾ ਮਨ। ਧੀਰਿਆ—ਹੌਸਲਾ ਫੜਦਾ ਹੈ। ਕੰਚਨ ਵੰਨੇ ਪਾਸੇ—ਜੋ ਧਨ ਪਦਾਰਥ ਵਲ ਲੱਗ ਪਏ। ਕਲਵਤਿ—ਕਲਵੱਤ੍ਰ ਨਾਲ, ਆਰੇ ਨਾਲ।4।

ਸੇਖ—ਹੇ ਸ਼ੇਖ਼ ਫ਼ਰੀਦ! ਹੈਯਾਤੀ—ਉਮਰ। ਜਗਿ—ਜਗਤ ਵਿਚ। ਥਿਰੁ—ਸਦਾ ਕਾਇਮ। ਆਸਣਿ—ਥਾਂ ਤੇ। ਕੇਤੇ—ਕਈ। ਬੈਸਿ ਗਇਆ—ਬਹਿ ਕੇ ਚਲੇ ਗਏ ਹਨ।5।

ਚੇਤਿ—ਚੇਤਰ (ਦੇ ਮਹੀਨੇ) ਵਿਚ। ਡਉ—ਜੰਗਲ ਦੀ ਅੱਗ। ਸਾਵਣਿ—ਸਾਵਣ ਦੇ ਮਹੀਨੇ ਵਿਚ। ਸੋਹੰਦੀਆਂ-ਸੋਹਣੀਆਂ ਲੱਗਦੀਆਂ ਹਨ। ਪਿਰ ਗਲਿ—ਪਤੀ ਦੇ ਗਲ ਵਿਚ। ਬਾਹੜੀਆਂ—ਸੋਹਣੀਆਂ

ਬਾਹਾਂ।6।

ਚਲੇ—ਤੁਰੇ ਜਾ ਰਹੇ ਹਨ। ਚਲਣਹਾਰ—ਨਾਸਵੰਤ ਜੀਵ। ਛਿਅ ਮਾਹ—ਛੇ ਮਹੀਨੇ। ਹਿਕੁ ਖਿਨੋ—ਇਕ ਪਲ।7।

ਖੇਵਟ—ਮੱਲਾਹ, ਵੱਡੇ ਵੱਡੇ ਆਗੂ। ਕਿੰਨਿ—ਕਿੰਨੇ, ਕਿਤਨੇ ਕੁ। ਗਏ—ਲੰਘ ਗਏ ਹਨ। ਜਾਲਣ—ਦੁੱਖ ਸਹਾਰਨੇ। ਗੋਰਾਂ ਨਾਲਿ—ਕਬਰਾਂ ਨਾਲ। ਜੀਅ—ਜਿੰਦ, ਜੀਵ।8।

ਅਰਥ:- ਹੇ ਸ਼ੇਖ ਫ਼ਰੀਦ! ਇਸ ਮਨੁੱਖਾ ਜਨਮ ਵਿਚ ਹੀ (ਰੱਬ ਨਾਲ) ਮੇਲ ਹੋ ਸਕਦਾ ਹੈ (ਇਸ ਵਾਸਤੇ ਇਹਨਾਂ) ਮਨ ਨੂੰ ਮਚਾਉਣ ਵਾਲੀਆਂ ਇੰਦ੍ਰੀਆਂ ਨੂੰ ਕਾਬੂ ਵਿਚ ਰੱਖ।1। ਰਹਾਉ।

ਸ਼ੇਖ਼ ਫ਼ਰੀਦ ਆਖਦਾ ਹੈ—ਹੇ ਪਿਆਰੇ! ਰੱਬ (ਦੇ ਚਰਨਾਂ) ਵਿਚ ਜੁੜ; (ਤੇਰਾ) ਇਹ ਜਿਸਮ ਨੀਵੀਂ ਕਬਰ ਦੇ ਵਿਚ ਪੈ ਕੇ ਮਿੱਟੀ ਹੋ ਜਾਇਗਾ।1।

(ਹੇ ਪਿਆਰੇ ਮਨ!) ਜਦੋਂ ਤੈਨੂੰ ਪਤਾ ਹੈ ਕਿ ਆਖ਼ਰ ਮਰਨਾ ਹੈ ਤੇ ਮੁੜ (ਇਥੇ) ਨਹੀਂ ਆਉਣਾ, ਤਾਂ ਇਸ ਨਾਸਵੰਤ ਦੁਨੀਆ ਨਾਲ ਪ੍ਰੀਤ ਲਾ ਕੇ ਆਪਣਾ ਆਪ ਗਵਾਉਣਾ ਨਹੀਂ ਚਾਹੀਦਾ; ਸੱਚ ਤੇ ਧਰਮ ਹੀ ਬੋਲਣਾ ਚਾਹੀਦਾ ਹੈ, ਝੂਠ ਨਹੀਂ ਬੋਲਣਾ ਚਾਹੀਦਾ, ਜੋ ਰਸਤਾ ਗੁਰੂ ਦੱਸੇ ਉਸ ਰਸਤੇ ਤੇ ਮੁਰੀਦਾਂ ਵਾਂਗ ਤੁਰਨਾ ਚਾਹੀਦਾ ਹੈ। 2,3।

(ਕਿਸੇ ਦਰੀਆ ਤੋਂ) ਜੁਆਨਾਂ ਨੂੰ ਪਾਰ ਲੰਘਦਿਆਂ ਵੇਖ ਕੇ (ਕਮਜ਼ੋਰ) ਇਸਤ੍ਰੀ ਦਾ ਮਨ ਭੀ (ਹੌਸਲਾ ਫੜ ਲੈਂਦਾ ਹੈ (ਤੇ ਲੰਘਣ ਦਾ ਹੀਆ ਕਰਦੀ ਹੈ; ਇਸੇ ਤਰ੍ਹਾਂ ਸੰਤ ਜਨਾਂ ਨੂੰ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘਦਿਆਂ ਵੇਖ ਕੇ ਕਮਜ਼ੋਰ-ਦਿਲ ਮਨੁੱਖ ਨੂੰ ਭੀ ਹੌਸਲਾ ਪੈ ਜਾਂਦਾ ਹੈ, ਤਾਂ ਤੇ ਹੇ ਮਨ! ਤੂੰ ਸੰਤ ਜਨਾਂ ਦੀ ਸੰਗਤਿ ਕਰ! ਵੇਖ) ਜੋ ਮਨੁੱਖ ਨਿਰੇ ਸੋਨੇ ਵਾਲੇ ਪਾਸੇ (ਭਾਵ, ਮਾਇਆ ਜੋੜਨ ਵਲ ਲੱਗ) ਪੈਂਦੇ ਹਨ ਉਹ ਆਰੇ ਨਾਲ ਚੀਰੇ ਜਾਂਦੇ ਹਨ (ਭਾਵ, ਬਹੁਤ ਦੁੱਖੀ ਜੀਵਨ ਬਿਤੀਤ ਕਰਦੇ ਹਨ)।4।

ਹੇ ਸ਼ੇਖ਼ ਫ਼ਰੀਦ! ਜਗਤ ਵਿਚ ਕੋਈ ਸਦਾ ਲਈ ਉਮਰ ਨਹੀਂ ਭੋਗ ਸਕਿਆ (ਵੇਖ) ਜਿਸ (ਧਰਤੀ ਦੇ ਇਸ) ਥਾਂ ਤੇ ਅਸੀਂ (ਹੁਣ) ਬੈਠੇ ਹਾਂ (ਇਸ ਧਰਤੀ ਉੱਤੇ) ਕਈ ਬਹਿ ਕੇ ਚਲੇ ਗਏ।5।

ਕੱਤਕ ਦੇ ਮਹੀਨੇ ਕੂੰਜਾਂ (ਆਉਂਦੀਆਂ ਹਨ); ਚੇਤਰ ਵਿਚ ਜੰਗਲਾਂ ਨੂੰ ਅੱਗ (ਲੱਗ ਪੈਂਦੀ ਹੈ), ਸਾਉਣ ਵਿਚ ਬਿਜਲੀਆਂ (ਚਮਕਦੀਆਂ ਹਨ), ਸਿਆਲ ਵਿਚ (ਇਸਤ੍ਰੀਆਂ ਦੀਆਂ) ਸੁਹਣੀਆਂ ਬਾਹਾਂ

(ਆਪਣੇ) ਖਸਮਾਂ ਦੇ ਗਲ ਵਿਚ ਸੋਭਦੀਆਂ ਹਨ (ਇਸੇ ਤਰ੍ਹਾਂ ਜਗਤ ਦੀ ਸਾਰੀ ਕਾਰ ਆਪੋ ਆਪਣੇ ਸਮੇ ਸਿਰ ਹੋ ਕੇ ਤੁਰੀ ਜਾ ਰਹੀ ਹੈ; ਜਗਤ ਤੋਂ) ਤੁਰ ਜਾਣ ਵਾਲੇ ਜੀਵ (ਆਪੋ ਆਪਣਾ ਸਮਾ ਲੰਘਾ ਕੇ) ਤੁਰੇ ਜਾ ਰਹੇ ਹਨ; ਹੇ ਮਨ! ਵਿਚਾਰ ਕੇ ਵੇਖ, ਜਿਸ ਸਰੀਰ ਦੇ ਬਣਨ ਵਿਚ ਛੇ ਮਹੀਨੇ ਲੱਗਦੇ ਹਨ ਉਸ ਦੇ ਨਾਸ ਹੁੰਦਿਆਂ ਇਕ ਪਲ ਹੀ ਲੱਗਦਾ ਹੈ।6।7।

ਹੇ ਫ਼ਰੀਦ! ਇਸ ਗੱਲ ਦੇ ਜ਼ਿਮੀਂ ਅਸਮਾਨ ਗਵਾਹ ਹਨ ਕਿ ਬੇਅੰਤ ਉਹ ਬੰਦੇ ਇਥੋਂ ਚਲੇ ਗਏ ਜਿਹੜੇ ਆਪਣੇ ਆਪ ਨੂੰ ਵੱਡੇ ਆਗੂ ਅਖਵਾਉਂਦੇ ਸਨ। ਸਰੀਰ ਤਾਂ ਕਬਰਾਂ ਵਿਚ ਗਲ ਜਾਂਦੇ ਹਨ, (ਪਰ ਕੀਤੇ ਕਰਮਾਂ ਦੇ) ਔਖ-ਸੌਖ ਜਿੰਦ ਸਹਾਰਦੀ ਹੈ।8।2।

****************************************